ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10

ਮਿਤੀ : 06-07-2025

ਪ੍ਰਧਾਨ ਮੰਤਰੀ ਨਰੇਂਦਰ ਮੋਦੀ 17ਵੇਂ BRICS ਸੰਮੇਲਨ ਵਿੱਚ ਸ਼ਾਮਲ ਹੋਣ ਲਈ ਅੱਜ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਪਹੁੰਚੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਉਹ ਭਾਰਤ ਅਤੇ ਬ੍ਰਾਜ਼ੀਲ ਵਿਚਕਾਰਵਪਾਰ, ਰੱਖਿਆ, ਊਰਜਾ, ਪੁਲਾੜ, ਤਕਨਾਲੋਜੀ, ਖੇਤੀਬਾੜੀ, ਸਿਹਤ ਅਤੇ ਲੋਕਾਂ ਤੋਂ ਲੋਕਾਂ ਤੱਕ ਸਬੰਧਾਂ ਸਮੇਤ ਕਈ ਮੁੱਖ ਖੇਤਰਾਂ ਵਿੱਚ ਰਣਨੀਤਕ ਭਾਈਵਾਲੀ ਦਾ ਪਸਾਰ ਕਰਨ ਲਈ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ ਨਾਲ ਇੱਕ ਲਾਭਕਾਰੀ ਵਿਚਾਰ-ਵਟਾਂਦਰੇ ਦੀ ਉਮੀਦ ਕਰਦੇ ਨੇ. ਇਹ ਪ੍ਰਧਾਨ ਮੰਤਰੀ ਦਾ ਬ੍ਰਾਜ਼ੀਲ ਦਾ ਚੌਥਾ ਦੌਰਾ ਏ । ਭਾਰਤੀ ਪ੍ਰਵਾਸੀਆਂ ਅਤੇ ਬ੍ਰਾਜ਼ੀਲ ਵਿੱਚ ਕੰਮ ਕਰਨ ਵਾਲੇ ਭਾਰਤੀਆਂ ਵਲੋਂ ਪ੍ਰਧਾਨ ਮੰਤਰੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਅੱਜ ਸ਼ਾਮ ਨੂੰ, ਪ੍ਰਧਾਨ ਮੰਤਰੀ ਬ੍ਰਿਕਸ ਏਜੰਡੇ 'ਤੇ ਵਿਚਾਰ-ਵਟਾਂਦਰਾ ਕਰਨਗੇ ਅਤੇ ਇਸ ਤੋਂ ਇਲਾਵਾ ਦੁਵੱਲੀਆਂ ਮੀਟਿੰਗਾਂ ਵਿੱਚ ਸ਼ਾਮਲ ਹੋਣਗੇ।

---------------------------------------------------

ਆਮਦਨ ਤੋਂ ਵਧ ਅਸਾਸਿਆਂ ਦੇ ਮਾਮਲੇ ‘ਚ ਗਿਰਫਤਾਰ ਕੀਤੇ ਗਏ ਸ਼ਿਰੋਮਣੀ ਅਕਾਲੀ ਦਲ ਦੇ ਨੇਤਾ, ਬਿਕਰਮਜੀਤ ਸਿੰਘ ਮਜੀਠੀਆ ਨੂੰ ਪੰਜਾਬ ਵਿਜੀਲੈਂਸ ਵਲੋਂ, ਪੁਲਿਸ ਰਿਮਾਂਡ ਖਤਮ ਹੋਣ ਤੋਂ ਬਾਅਦ, ਅੱਜ ਸਵੇਰੇ ਮੋਹਾਲੀ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ । ਅਦਾਲਤ ਨੇ ਅੱਜ ਮਜੀਠੀਆ ਨੂੰ 19 ਜੁਲਾਈ ਤੱਕ ਅਦਾਲਤੀ ਰਿਮਾਂਡ 'ਤੇ ਭੇਜ ਦਿੱਤਾ। ਦੋਵੇਂ ਸਰਕਾਰੀ ਵਕੀਲਾਂ, ਨੇ ਅਦਾਲਤ ਦੇ ਬਾਹਰ ਮੀਡੀਆ ਨੂੰ ਦੱਸਿਆ ਕਿ ਨਵੇਂ ਬੀਐਨਐਸ ਕਾਨੂੰਨ ਅਨੁਸਾਰ ਅੱਜ ਵਿਜੀਲੈਂਸ ਵੱਲੋਂ ਹੋਰ ਕੋਈ ਪੁਲਿਸ ਰਿਮਾਂਡ ਨਹੀਂ ਮੰਗਿਆ ਗਿਆ. ਕਿਉਂਕਿ ਵਿਜੀਲੈਂਸ ਵੱਲੋਂ ਪਹਿਲਾਂ ਹੀ 12 ਦਿਨ ਦਾ ਰਿਮਾਂਡ ਲਿਆ ਜਾ ਚੁਕਿਆ ਏ, ਇਸ ਲਈ ਵਿਜੀਲੈਂਸ ਭਵਿੱਖ ਵਿੱਚ ਲੋੜ ਪੈਣ 'ਤੇ ਬਾਕੀ 3 ਦਿਨਾਂ ਦੇ ਰਿਮਾਂਡ ਦਾ ਦਾਅਵਾ ਕਰ ਸਕਦੀ ਏ ।

--------------------------------------------------

ਸਕੂਲੀ ਪੜ੍ਹਾਈ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਖੁਦ ਦੇ ਸਟਾਰਟ-ਅੱਪ ਕਾਇਮ ਕਰਨ ਲਈ ਉਤਸ਼ਾਹਿਤ ਕਰਦਿਆਂ, ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਅਗਲੇ ਸੈਸ਼ਨ 2026-27 ਤੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 11ਵੀਂ ਅਤੇ 12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੂੰ ਪੰਜਾਬ ਯੰਗ ਐਂਟਰਪ੍ਰੀਨਿਓਰਜ਼ ਸਕੀਮ_ਤਹਿਤ ਕਾਰੋਬਾਰ ਅਤੇ ਮਾਰਕੀਟਿੰਗ ਵਿੱਚ ਹੁਨਰ ਸਿੱਖਿਆ ਪ੍ਰਦਾਨ ਕਰੇਗੀ।

ਬੀਤੇ ਕਲ੍ਹ ਬਿਜ਼ਨਸ ਬਲਾਸਟਰਸ ਐਕਸਪੋ 2025 ਨੂੰ ਸੰਬੋਧਨ ਕਰਦਿਆਂ ਸ੍ਰੀ ਬੈਂਸ ਨੇ ਕਿਹਾ ਕਿ ਇੱਕ ਅਜਿਹੀ ਦੁਨੀਆਂ ਵਿੱਚ ਜਿੱਥੇ ਇੱਕ ਨੌਕਰੀ ਲਈ ਸੈਂਕੜੇ ਅਤੇ ਹਜ਼ਾਰਾਂ ਅਰਜ਼ੀਆਂ ਆਉਂਦੀਆਂ ਨੇ, ਸੂਬਾ ਸਰਕਾਰ ਨੇ ਸਥਿਤੀ ਨੂੰ ਬਦਲ ਦਿੱਤਾ ਏ. ਬਿਜ਼ਨਸ ਬਲਾਸਟਰਸ ਐਕਸਪੋ 2025 ਦੇ ਤਹਿਤ, ਵਿਦਿਆਰਥੀਆਂ ਨੂੰ ਨੌਕਰੀ ਲੱਭਣ ਵਾਲਿਆਂ ਦੀ ਬਜਾਏ ਨੌਕਰੀ ਪੈਦਾ ਕਰਨ ਵਾਲੇ ਬਣਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਏ ਕਿਉਂਕਿ ਸਰਕਾਰ ਅਗਾਂਹ ਵਧੂ ਸੋਚ ਵਾਲੇ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਮਦਦ ਦੇ ਨਾਲ-ਨਾਲ ਮਾਲੀ ਅਤੇ ਤਕਨੀਕੀ ਸਹਿਯੋਗ ਵੀ ਪ੍ਰਦਾਨ ਕਰੇਗੀ। ਸਿੱਖਿਆ ਮੰਤਰੀ ਨੇ ਦੱਸਿਆ ਕਿ ਕਾਢਾਂ ਲਈ ਪ੍ਰਯੋਗਸ਼ਾਲਾਵਾਂ ਕਾਇਮ ਕਰਨ ਲਈ 17 ਲੱਖ ਰੁਪਏ ਦਾ ਨਿਵੇਸ਼ ਕੀਤਾ ਗਿਆ ਏ, ਜਿੱਥੇ ਵਿਦਿਆਰਥੀ ਹੁਣ IIT ਦੇ ਸਹਿਯੋਗ ਨਾਲ ਵੀ ਆਪਣੇ ਉਤਪਾਦ ਵਿਕਸਤ ਕਰਨ ਦੇ ਯੋਗ ਹੋਣਗੇ।

---------------------------------------------------------------------------------

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ASHOORA-E-MUHARRAM ਸ਼ਰਧਾ ਅਤੇ ਸੰਜੀਦਗੀ ਨਾਲ ਮਨਾਇਆ ਜਾ ਰਿਹਾ ਏ । ਇਹ ਦਿਨ ਪੈਗੰਬਰ ਮੁਹੰਮਦ ਦੇ ਦੋਹਤਰੇ, ਹਜ਼ਰਤ ਇਮਾਮ ਹੁਸੈਨ, ਅਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਦਰਸਾਉਂਦਾ ਏ, ਜਿਨ੍ਹਾਂ ਨੇ ਕਰਬਲਾ ਵਿੱਚ ਸੱਚਾਈ, ਧਰਮ ਅਤੇ ਨਿਆਂ ਨੂੰ ਕਾਇਮ ਰੱਖਣ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ ਸਨ। ਇਸ ਮੌਕੇ ਨੂੰ ਮਨਾਉਣ ਲਈ ਤਾਜ਼ੀਆ ਜਲੂਸ ਕੱਢੇ ਜਾ ਰਹੇ ਨੇ. ਕਰਬਲਾ ਦੇ ਸ਼ਹੀਦਾਂ ਦੀ ਕੁਰਬਾਨੀ

ਨੂੰ ਉਜਾਗਰ ਕਰਨ ਵਾਲੀਆਂ ਮਜਲਿਸਾਂ ਜਾਂ ਧਾਰਮਿਕ ਸਭਾਵਾਂ ਵੀ ਕਰਾਈਆਂ ਜਾ ਰਹੀਆਂ ਨੇ.

-----------------------------------------------------------------------

ਕੈਲਾਸ਼ ਮਾਨਸਰੋਵਰ ਯਾਤਰਾ 2025 ਦੇ ਸ਼ਰਧਾਲੂਆਂ ਦਾ ਪਹਿਲਾ ਜਥਾ ਕੱਲ੍ਹ ਉੱਤਰਾਖੰਡ ਦੇ ਪਿਥੌਰਾਗੜ੍ਹ ਪਹੁੰਚਿਆ, ਜਿੱਥੇ ਕੁਮਾਉਂ ਮੰਡਲ ਵਿਕਾਸ ਨਿਗਮ (KMVN) ਦੇ ਗੈਸਟ ਹਾਊਸ ਵਿਖੇ ਫੌਜ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਸ਼ਰਧਾਲੂ ਯਾਤਰਾ ਪ੍ਰਤੀ ਬੇਹਦ ਉਤਸ਼ਾਹਿਤ ਦਿਖਾਈ ਦਿੱਤੇ ਅਤੇ ਆਕਾਸ਼ਵਾਣੀ ਨਾਲ ਆਪਣੇ ਵਿਚਾਰ ਸਾਂਝੇ ਕੀਤੇ- BYTE – ਭਾਰਤੀ ਇਲਾਕੇ ਦੇ ਅੰਦਰ ਸਾਰੇ ਪ੍ਰਬੰਧ ਕੁਮਾਉਂ ਮੰਡਲ ਵਿਕਾਸ ਨਿਗਮ ਵਲੋਂ ਕੀਤੇ ਜਾ ਰਹੇ ਨੇ. ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਭਾਰਤ – ਤਿੱਬਤ ਸਰਹੱਦੀ ਪੁਲਿਸ (ITBP) ਲਿਪੁਲੇਖ ਪਾਸ ਤੱਕ ਸ਼ਰਧਾਲੂਆਂ ਦੇ ਨਾਲ ਰਹੇਗੀ। ਪਹਿਲੇ ਜਥੇ ਦੇ ਸੰਪਰਕ ਅਧਿਕਾਰੀ, ਸੰਜੇ ਗੁੰਜਿਆਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆBYTE -

ਜ਼ਿਕਰਯੋਗ ਏ ਕਿ ਇਹ ਪਵਿੱਤਰ ਯਾਤਰਾ, ਜੋ ਕਿ ਕੋਵਿਡ-19 ਕਾਰਨ ਪੰਜ ਸਾਲਾਂ ਤੋਂ ਮੁਅੱਤਲ ਕੀਤੀ ਗਈ ਸੀ, ਹੁਣ ਮੁੜ੍ਹ ਸ਼ੁਰੂ ਹੋ ਗਈ ਏ ।

-----------------------------------------------------------------------

ਅੱਜ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪਿਆ। ਅਗਲੇ ਦੋ ਦਿਨਾਂ ਦੌਰਾਨ ਹਰਿਆਣਾ, ਚੰਡੀਗੜ੍ਹ, ਅਤੇ ਹਿਮਾਚਲ ਪ੍ਰਦੇਸ਼ ਵਿੱਚ ਵੀ ਇਸੇ ਤਰ੍ਹਾਂ ਦਾ ਮੌਸਮ ਰਹਿਣ ਦੀ ਉਮੀਦ ਏ । ਭਾਰਤੀ ਮੌਸਮ ਵਿਭਾਗ (IMD) ਨੇ ਇਸ ਮਹੀਨੇ ਦੀ 8 ਤਰੀਕ ਤੱਕ ਇਨ੍ਹਾਂ ਇਲਾਕਿਆਂ ਲਈ ORANGE ALERT ਜਾਰੀ ਕੀਤਾ ਏ. ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਵਿੱਚ ਕਿਧਰੇ – ਕਿਧਰੇ ਬਹੁਤ ਜ਼ਿਆਦਾ ਮੀਂਹ ਪੈਣ ਦੀ ਪੇਸ਼ੀਨਗੋਈ ਵੀ ਕੀਤੀ ਏ.

-----------------------------------------------------------

ਨੇਜਾ ਸੁੱਟਣ ਦੇ ਮੁਕਾਬਲੇ ਵਿੱਚ ਓਲੰਪਿਕ ਸੋਨ ਤਗਮਾ ਜੇਤੂ ਨੀਰਜ ਚੋਪੜਾ ਨੇ ਪਹਿਲੇ Neeraj Chopra Classic 2025 ਮੁਕਾਬਲੇ ਦਾ ਖਿਤਾਬ ਜਿੱਤਿਆ ਏ ।